**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸਤਨਾਮ ਸਿੰਘ ਧਵਨ, (ਮੋਬ 95015-13137)
ਮਕਾਨ ਨੰ:7, ਜੀ.ਕੇ. ਵਿਹਾਰ,
ਮਾਣਕਵਾਲ, ਲੁਧਿਆਣਾ।                ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਸਟੇਟ ਟਰਾਂਸਪੋਰਟ ਕਮਿਸ਼ਨਰ,
ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ,
ਚੰਡੀਗੜ੍ਹ।                ------ਉੱਤਰਦਾਤਾ

**ਅਪੀਲ ਕੇਸ** ਨੰ:391/2019

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪਾਲ ਸਿੰਘ, ਸੁਪਰਡੰਟ (99885-74550)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-10-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪੰਜਾਬ ਵਿੱਚ ਟਰਾਂਸਪੋਰਟ ਵਿਭਾਗ ਦਾ ਠੇਕੇ ਤੇ ਕੰਮ ਕਰ ਰਹੀ ਕੰਪਨੀ ਸਮਾਰਟ ਚਿੱਪ ਲਿਮਿਟਿਡ, ਲੁਧਿਆਣਾ ਆਰ.ਟੀ.ਏ. ਦਫਤਰ ਵਿੱਚ ਕੰਮ ਕਰ ਰਹੇ ਮੁਲਾਜ਼ਮਾਂ ਅਤੇ ਲੁਧਿਆਣਾ ਐਸ.ਡੀ.ਐਮ ਦਫਤਰ ਵਿੱਚ ਕੰਮ ਕਰ ਰਹੇ ਮੁਲਾਜ਼ਮਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਪਾਲ ਸਿੰਘ, ਸੁਪਰਡੰਟ ਨੇ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਦੇ ਨੁਕਤਾ ਨੰ:1 ਅਤੇ 2 ਬਾਰੇ ਸੂਚਨਾ (88 ਪੰਨੇ) ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ ਪਰੰਤੂ ਨੁਕਤਾ ਨੰ:3 ਬਾਰੇ ਆਰ.ਟੀ.ਆਈ. ਸਪੱਸ਼ਟ ਨਹੀਂ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਤੋਂ ਕਮਿਸ਼ਨ ਪੂਰੀ ਤਰ੍ਹਾਂ ਸੰਤੁਸ਼ਟ ਹੈ। ਫਿਰ ਵੀ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 09-04-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**

**ਮਿਤੀ:** **ਚੰਡੀਗੜ੍ਹ**, 12 ਮਾਰਚ, 2019.                **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੀਤ ਸਿੰਘ, (ਮੋਬ: 95014-21959)
ਪੁੱਤਰ ਸ਼੍ਰੀ ਸੁਰਮੁਖ ਸਿੰਘ,
ਪ੍ਰਧਾਨ, ਭ੍ਰਿਸ਼ਟਾਚਾਰ ਵਿਰੋਧੀ ਮੰਚ 2072,
ਭਾਈ ਮਸਤਾਨ ਸਿੰਘ ਨਗਰ,
ਸ੍ਰੀ ਮੁਕਤਸਰ ਸਾਹਿਬ-152026. ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ),
ਰੋਪੜ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਨਿਗਰਾਨ ਇੰਜੀਨੀਅਰ,
ਉਸਾਰੀ ਮੰਡਲ, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ),
ਚੰਡੀਗੜ੍ਹ। -----ਉੱਤਰਦਾਤਾ

**ਅਪੀਲ ਕੇਸ ਨੰ: 400/2019**

**ਹਾਜ਼ਰ:-**

1) ਸ਼੍ਰੀ ਗੁਰਮੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਰਮਿੰਦਰਜੀਤ ਸਿੰਘ, ਸੁਪਰਡੰਟ (98888-75878)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-09-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ), ਰੋਪੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01-04-2016 ਤੋਂ ਲੈ ਕੇ 31-08-2018 ਤੱਕ ਮੰਡਲ ਦਫ਼ਤਰ ਅਧੀਨ ਆਉਂਦੇ ਉਪ ਮੰਡਲ ਦਫ਼ਤਰਾਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਰਮਿੰਦਰਜੀਤ ਸਿੰਘ, ਸੁਪਰਡੰਟ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:10177, ਮਿਤੀ 16-10-2018 ਰਾਹੀਂ ਅਪੀਲਕਰਤਾ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 400/2019**

ਨੂੰ ਸੂਚਨਾ ਲਈ ਬਣਦੀ ਫੀਸ ਜਮ੍ਹਾਂ ਕਰਾਉਣ ਲਈ ਲਿਖਿਆ ਗਿਆ ਸੀ ਪਰੰਤੂ ਉਸ ਵੱਲੋਂ ਫੀਸ ਜਮ੍ਹਾਂ ਨਹੀਂ ਕਰਵਾਈ ਗਈ ਜਿਸ ਕਾਰਨ ਸੂਚਨਾ ਨਹੀਂ ਦਿੱਤੀ ਗਈ। ਅਪੀਲਕਰਤਾ ਵੱਲੋਂ ਆਰ.ਟੀ.ਆਈ., ਮਿਤੀ 24-09-2018 ਨੂੰ ਦਾਇਰ ਕੀਤੀ ਗਈ ਸੀ ਅਤੇ ਉੱਤਰਦਾਤਾ ਵੱਲੋਂ ਨਿਰਧਾਰਿਤ ਸਮੇਂ ਅੰਦਰ, ਭਾਵ ਮਿਤੀ 18-10-2018 ਨੂੰ ਅਪੀਲਕਰਤਾ ਨੂੰ ਫੀਸ ਜਮ੍ਹਾਂ ਕਰਾਉਣ ਲਈ ਲਿਖਿਆ ਗਿਆ ਸੀ। ਇਸ ਕਰਕੇ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਲਈ ਬਣਦੀ ਫੀਸ ਜਮ੍ਹਾਂ 1800/- ਰੁਪਏ (ਕੇਵਲ ਇੱਕ ਹਜ਼ਾਰ, ਅੱਠ ਸੌ ਰੁਪਏ) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਕੋਲ ਜਮ੍ਹਾਂ ਕਰਵਾ ਕੇ ਸੂਚਨਾ ਪ੍ਰਾਪਤ ਕਰ ਲਈ ਜਾਵੇ। ਇਸੇ ਅਨੁਸਾਰ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 12 ਮਾਰਚ, 2019. — **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਹਰਬੰਸ ਕੌਰ, (ਮੋਬ: 98726-46033)
ਪਤਨੀ ਸ਼੍ਰੀ ਗੁਰਮੀਤ ਸਿੰਘ,
ਪਿੰਡ ਤੰਗੋਰੀ,
ਤਹਿਸੀਲ ਤੇ ਜ਼ਿਲ੍ਹਾ ਮੁਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੁੱਖ ਇੰਜੀਨੀਅਰ,
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ),
ਹੈੱਡ ਆਫਿਸ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਮੁੱਖ ਇੰਜੀਨੀਅਰ,
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ),
ਹੈੱਡ ਆਫਿਸ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:417/2019**

**ਹਾਜ਼ਰ:-**

1) ਸ਼੍ਰੀਮਤੀ ਹਰਬੰਸ ਕੌਰ, ਅਪੀਲਕਰਤਾ ਸਮੇਤ ਸ਼੍ਰੀ ਬਲਵਿੰਦਰ ਸਿੰਘ (98726-46033)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਮਨਪ੍ਰੀਤ ਸਿੰਘ, ਸੀਨੀਅਰ ਸਹਾਇਕ (80549-57590)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-05-2017, ਲੋਕ ਸੂਚਨਾ ਅਧਿਕਾਰੀ ਦਫਤਰ ਮੁੱਖ ਇੰਜੀਨੀਅਰ, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ), ਹੈੱਡ ਆਫਿਸ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਜਨਵਰੀ, 2005 ਤੋਂ ਲੈ ਕੇ ਸੂਚਨਾ ਤਿਆਰ ਕਰਨ ਤੱਕ ਸ਼੍ਰੀ ਗੁਰਮੀਤ ਸਿੰਘ, ਰਿਟਾਇਰਡ ਓਵਰਸੀਅਰ, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ) ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-08-2017 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 17-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਮਨਪ੍ਰੀਤ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਮਿਤੀ 12-06-2017 ਅਤੇ 05-03-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ ਅਤੇ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਦਸਤੀ ਵੀ ਦੇ ਦਿੱਤੀ ਗਈ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਈ ਗਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੁਲਦੀਪ ਸਿੰਘ,
ਮਾਰਫ਼ਤ ਸ਼੍ਰੀ ਕਮਲਜੀਤ ਸਿੰਘ,
ਵਾਰਡ ਨੰ:1, ਹਅੇਰ ਵਿਹਾਰ ਕਲੌਨੀ,
ਜੇਲ੍ਹ ਰੋਡ, ਗੁਰਦਾਸਪੁਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ,
ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਗੁਰਦਾਸਪੁਰ। ------ਉੱਤਰਦਾਤਾ

**ਅਪੀਲ ਕੇਸ ਨੰ:421/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਸ਼ੋਕ ਕੁਮਾਰ, ਪਟਵਾਰੀ (98723-30574)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 30-06-2018, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਗੁਰਦਾਸਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪਿੰਡ ਪੀਰ-ਦੀ-ਸੈਨ (ਹੱਦ ਬਸਤ-373) ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਸ਼ੋਕ ਕੁਮਾਰ, ਪਟਵਾਰੀ, ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਲੈ ਕੇ ਨਹੀਂ ਆਇਆ ਅਤੇ ਨਾ ਹੀ ਉਸ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਮਿਤੀ 30-06-2018 ਸਬੰਧੀ ਅਪੀਲਕਰਤਾ ਨੂੰ ਹੁਣ ਤੱਕ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਕਮਿਸ਼ਨ ਨੂੰ ਕੋਈ ਤਸੱਲੀਬਖਸ਼ ਜਵਾਬ ਹੀ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਸ਼੍ਰੀ ਅਮਰਜੀਤ ਸਿੰਘ, ਤਹਿਸੀਲਦਾਰ-ਕਮ-ਲੋਕ ਸੂਚਨਾ ਅਧਿਕਾਰੀ, ਗੁਰਦਾਸਪੁਰ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜਣ ਬਾਰੇ ਅਪੀਲਕਰਤਾ ਨਾਲ ਕੀਤੇ ਗਏ ਪੱਤਰ-ਵਿਹਾਰ ਨਾਲ ਸਬੰਧਤ ਸਾਰੇ ਰਿਕਾਰਡ ਸਹਿਤ, ਵਿਸਥਾਰ-ਪੂਰਵਕ ਜਵਾਬ ਅਤੇ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਸਹਿਤ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਖਿਲਾਫ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਇਕਤਰਫ਼ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 09-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 12 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੁਲਦੀਪ ਸਿੰਘ,
ਮਾਰਫ਼ਤ ਸ਼੍ਰੀ ਕਮਲਜੀਤ ਸਿੰਘ,
ਵਾਰਡ ਨੰ:1, ਹਐਰ ਵਿਹਾਰ ਕਲੋਨੀ,
ਜੇਲ੍ਹ ਰੋਡ, ਗੁਰਦਾਸਪੁਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ,
ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਗੁਰਦਾਸਪੁਰ। ------ਉੱਤਰਦਾਤਾ

**ਅਪੀਲ ਕੇਸ ਨੰ:423/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਸ਼ੋਕ ਕੁਮਾਰ, ਪਟਵਾਰੀ (98723-30574)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 18-06-2018, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਗੁਰਦਾਸਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪਿੰਡ ਪੀਰ-ਦੀ-ਸੈਨ (ਹੱਦ ਬਸਤ-373) ਵਿਖੇ ਜ਼ਮੀਨ ਦੀ ਨਿਸ਼ਾਨਦੇਹੀ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਸ਼ੋਕ ਕੁਮਾਰ, ਪਟਵਾਰੀ ਨੇ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਪੇਸ਼ ਕੀਤੀ ਜੋ ਕਿ ਵਾਚਣ ਤੇ ਸਹੀ ਨਹੀਂ ਪਾਈ ਗਈ।ਇਸ ਕਰਕੇ ਉਹ ਸੂਚਨਾ ਹਾਜ਼ਰ ਉੱਤਰਦਾਤਾ ਨੂੰ ਵਾਪਸ ਦੇ ਦਿੱਤੀ ਗਈ। ਇਸ ਲਈ ਉੱਤਰਦਾਤਾ (ਸ਼੍ਰੀ ਅਮਰਜੀਤ ਸਿੰਘ, ਤਹਿਸੀਲਦਾਰ-ਕਮ-ਲੋਕ ਸੂਚਨਾ ਅਧਿਕਾਰੀ, ਗੁਰਦਾਸਪੁਰ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜਣ ਬਾਰੇ ਅਪੀਲਕਰਤਾ ਨਾਲ ਕੀਤੇ ਗਏ ਪੱਤਰ-ਵਿਹਾਰ ਨਾਲ ਸਬੰਧਤ ਸਾਰੇ ਰਿਕਾਰਡ ਸਹਿਤ, ਵਿਸਥਾਰ-ਪੂਰਵਕ ਜਵਾਬ ਅਤੇ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਸਹਿਤ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਖਿਲਾਫ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਇਕਤਰਫ਼ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 09-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ:** **ਚੰਡੀਗੜ੍ਹ**, 12 **ਮਾਰਚ**, 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ (9041004313)
ਪਿੰਡ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ,
ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ,
ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ:3571 ਆਫ਼ 2018**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪਾਲ ਸਿੰਘ, ਸੁਪਰਡੰਟ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ (99885-74550) ਦਫ਼ਤਰ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ।

**ਹਕਮ:**

ਕਮਿਸ਼ਨ ਦੇ ਹੁਕਮ, ਮਿਤੀ 05-02-2019 ਰਾਹੀਂ ਅਪੀਲਕਰਤਾ ਨੂੰ ਬਾਕੀ ਰਹਿੰਦੀ ਨੁਕਤਾ ਨੰ:3 ਅਤੇ 7 ਦੀ ਸੂਚਨਾ ਮੁਹੱਈਆ ਕਰਾਉਣ ਲਈ ਲੋਕ ਸੂਚਨਾ ਅਧਿਕਾਰੀ, ਦਫ਼ਤਰ ਉਪ ਮੰਡਲ ਰਜਿਸਟਰੇਟ-ਕਮ-ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ, ਮਾਨਸਾ ਨੂੰ ਹਦਾਇਤ ਕੀਤੀ ਗਈ ਸੀ ਕਿ ਨੁਕਤਾ ਨੰ:3 ਅਤੇ 7 ਬਾਰੇ ਸੂਚਨਾ, ਸਬੰਧਤ ਅਦਾਰਿਆਂ ਤੋਂ ਇਕੱਠੀ (Collect) ਕਰਕੇ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਸ਼੍ਰੀ ਗੁਰਪਾਲ ਸਿੰਘ, ਸੁਪਰਡੰਟ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਦਫ਼ਤਰ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਨੇ ਦੱਸਿਆ ਹੈ ਕਿ ਨੁਕਤਾ ਨੰ:7 ਬਾਰੇ ਸੂਚਨਾ ਅਪੀਲਕਰਤਾ ਨੂੰ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਨੁਕਤਾ ਨੰ: 7 ਬਾਰੇ ਸੂਚਨਾ ਮਿਲ ਗਈ ਹੈ ਅਤੇ ਕਿਹਾ ਹੈ ਕਿ ਨੁਕਤਾ ਨੰ:3 ਬਾਰੇ ਅਜੇ ਸੂਚਨਾ ਨਹੀਂ ਮਿਲੀ। ਇਸ ਕਰਕੇ ਲੋਕ ਸੂਚਨਾ ਅਧਿਕਾਰੀ ਦਫ਼ਤਰ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਨੂੰ ਪੇਸ਼ੀ ਤੋਂ ਛੋਟ ਦਿੱਤੀ ਜਾਂਦੀ ਹੈ।

3. ਉਪ ਮੰਡਲ ਮੈਜਿਸਟਰੇਟ-ਕਮ- ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ, ਮਾਨਸਾ ਨੂੰ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3571 ਆਫ਼ 2018**

ਹਦਾਇਤ ਕੀਤੀ ਜਾਂਦੀ ਹੈ ਕਿ ਨੁਕਤਾ ਨੰ:3 ਬਾਰੇ ਸੂਚਨਾ, ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 10-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ**, 12 **ਮਾਰਚ**, 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

(ਰਜਿਸਟਰਡ) ਉਪ ਮੰਡਲ ਮੈਜਿਸਟਰੇਟ-ਕਮ-ਲਾਇਸੈਂਸਿੰਗ ਅਤੇ
ਰਜਿਸਟਰੇਸ਼ਨ ਅਥਾਰਟੀ, ਮਾਨਸਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ੈਰੀ ਬਾਂਸਲ, (96461-63350)
ਡਕਾਲਾ ਕਲੋਥ ਇੰਪੋਰੀਅਮ,
ਕ੍ਰਿਸ਼ਨਾ ਮਾਰਕਿਟ, ਸਮਾਣਾ,
ਜ਼ਿਲ੍ਹਾ ਪਟਿਆਲਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡੀਨ, ਇਨੰਚਾਰਜ,
ਪੰਜਾਬੀ ਯੂਨੀਵਰਸਟੀ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ:3565 ਆਫ਼ 2018**

**ਹਾਜ਼ਰ:-**

1) ਸ਼੍ਰੀ ਸ਼ੈਰੀ ਬਾਂਸਲ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ (98141-05515)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਉਸ ਨੂੰ ਪਹਿਲਾਂ ਭੇਜੀ ਗਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਸਬੰਧੀ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:1785/ਐਸ- 1/723-18/ਆਰ.ਟੀ.ਆਈ. ਸੈੱਲ, ਮਿਤੀ 07-03-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਇਸ ਬਾਰੇ ਕਮਿਸ਼ਨ ਨੂੰ ਵੀ ਪੱਤਰ ਨੰ:190/ਐਸ-1/723-18/ਆਰ.ਟੀ.ਆਈ. ਸੈੱਲ, ਮਿਤੀ 08-03-2019 ਰਾਹੀਂ ਸੂਚਿਤ ਕੀਤਾ ਹੋਇਆ ਹੈ।

2. ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਗਲਤ ਅਤੇ ਅਧੂਰੀ ਸੂਚਨਾ ਦਿੱਤੀ ਗਈ ਹੈ ਅਤੇ ਉਸ ਨੂੰ ਉਸਦੀ ਆਰ.ਟੀ.ਆਈ. ਮੁਤਾਬਿਕ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ।

3. ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਘੋਖਣ ਤੇ ਪਾਇਆ ਗਿਆ ਹੈ ਕਿ ਇਹ ਸੂਚਨਾ ਅਪੀਲਕਰਤਾ ਦੀ ਆਰ.ਟੀ.ਆਈ. ਮੁਤਾਬਿਕ ਸਹੀ ਨਹੀਂ ਹੈ। ਇਸ ਲਈ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਦੀ ਆਰ.ਟੀ.ਆਈ. ਮੁਤਾਬਿਕ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸਪੱਸ਼ਟ ਸੂਚਨਾ ਮਹੱਈਆ ਕਰਵਾਈ ਜਾਵੇ ਕਿ ਬੀ-ਟੈਕ 5 ਸਾਲਾ ਇੰਨਟੈਗ੍ਰਟਿਡ ਮੈਨੇਜਮੈਂਟ ਕੋਰਸ (ਸਿਵਲ ਇੰਜੀਨੀਅਰਿੰਗ) ਕਿਸ ਅਧਿਕਾਰੀ ਦੇ ਹੁਕਮਾਂ ਨਾਲ ਤੇ ਕਦੋਂ ਸ਼ੁਰੂ ਕੀਤਾ ਗਿਆ ਅਤੇ ਇਸ ਕੋਰਸ ਲਈ ਕਿੰਨੀ ਫੀਸ ਤਹਿ ਕੀਤੀ ਗਈ ਹੈ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 15-04-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 12 ਮਾਰਚ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ੈਰੀ ਬਾਂਸਲ, (96461-63350)
ਡਕਾਲਾ ਕਲੋਥ ਇੰਪੋਰੀਅਮ,
ਕ੍ਰਿਸ਼ਨਾ ਮਾਰਕਿਟ, ਸਮਾਣਾ,
ਜ਼ਿਲ੍ਹਾ ਪਟਿਆਲਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡੀਨ, ਇੰਨਚਾਰਜ,
ਪੰਜਾਬੀ ਯੂਨੀਵਰਸਟੀ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ:3567 ਆਫ਼ 2018**

**ਹਾਜ਼ਰ:-**

1) ਸ਼੍ਰੀ ਸ਼ੈਰੀ ਬਾਂਸਲ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ (98141-05515)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-07-2018, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2012 ਵਿੱਚ ਯੂਨੀਵਰਸਿਟੀ ਕਾਲਜ ਆਫ ਇੰਜੀਨੀਅਰਿੰਗ, ਪੰਜਾਬੀ ਯਨੀਵਰਸਿਟੀ, ਪਟਿਆਲਾ ਵਿਖੇ ਸ਼ੁਰੂ ਕੀਤੇ ਗਏ B.Tech-5 Year Integrated Management Course (Civil Engg.) ਦੀ ਯੂ.ਜੀ.ਸੀ ਐਕਟ, 1956 ਦੀ ਧਾਰਾ 22 ਅਧੀਨ ਕੋਰਸ ਡਿਗਰੀ ਨਾਲ ਐਫੀਲੀਏਸ਼ਨ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 28-11-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 09-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ ਨੇ ਪੱਤਰ ਨੰ:1823/ਐਸ-।1/724-18/ਆਰ.ਟੀ.ਆਈ. ਸੈੱਲ, ਮਿਤੀ 07-03-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਉਸ ਨੂੰ ਪਹਿਲਾਂ ਭੇਜੀ ਗਈ ਸੂਚਨਾ ਵਿੱਚ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3567 ਆਫ਼ 2018**

ਪਾਈਆਂ ਗਈਆਂ ਤਰੁੱਟੀਆਂ ਸਬੰਧੀ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਧੂਰੀ ਸੂਚਨਾ ਦਿੱਤੀ ਗਈ ਹੈ ਅਤੇ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 12 **ਮਾਰਚ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕ੍ਰਿਸ਼ਨ ਗੋਪਾਲ ਸਿੰਗਲ, (80540-20388)
ਪੁੱਤਰ ਸ਼੍ਰੀ ਬ੍ਰਿਜ ਲਾਲ,
ਵਾਰਡ ਨੰ:16-ਬੀ/190,
ਸੰਗਰੂਰ ਰੋਡ, ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਭਦੌੜ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:4155 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਪ੍ਰੇਮ ਕੁਮਾਰ ਰਤਨ (98722-20039।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਪਿਛਲੀ ਪੇਸ਼ੀ ਸਮੇਂ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ । ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਪ੍ਰੇਮ ਕੁਮਾਰ ਰਤਨ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਅਤੇ ਪਹਿਲੀ ਅਪੀਲੀ ਅਥਾਰਟੀ ਨੂੰ ਮੁੜ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਖਿਲਾਫ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਇਕਤਰਫ਼ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 23-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 12 ਮਾਰਚ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**


ਸ਼੍ਰੀ ਮਦਨ ਲਾਲ, (98723-67068)
ਪੁੱਤਰ ਸ਼੍ਰੀ ਓਮ ਪ੍ਰਕਾਸ਼,
ਐਮ.ਸੀ.ਬੀ. ਜ਼ੋਨ 2,
ਮਕਾਨ ਨੰ:10803,
ਪਰਿੰਦਾ ਰੋਡ 18,
ਗੁਰੂ ਤੇਗ ਬਹਾਦਰ ਨਗਰ,
ਬਠਿੰਡਾ-151001. ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ,
ਨਗਰ ਨਿਗਮ, ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਕਮਿਸ਼ਨਰ,
ਨਗਰ ਨਿਗਮ, ਬਠਿੰਡਾ। .......... ਉੱਤਰਦਾਤਾ

**ਅਪੀਲ ਕੇਸ ਨੰ:2744 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨੀਰਜ ਗਰਗ,ਐਸ.ਡੀ.ਓ. (98723-10253)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-01-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਨਗਰ ਨਿਗਮ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸਟਰੀਟ ਲਾਈਟ ਦੀ ਸਾਂਭ-ਸੰਭਾਲ (Maintenance) ਦੇ ਇਸ਼ਤਿਹਾਰਾਂ ਆਦਿ ਨਾਲ ਸਬੰਧਤ 9 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-02-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-09-2018 ਨੂੰ ਪਹਿਲੀ ਸੁਣਵਾਈ ਮਿਤੀ 15-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਨੀਰਜ ਗਰਗ, ਐਸ.ਡੀ.ਓ. ਨੇ ਦੱਸਿਆ ਹੈ ਕਿ ਅਪੀਲਕਰਤਾ ਨੂੰ ਮਿਤੀ 11-03-2019 ਨੂੰ ਮੰਗੀ ਗਈ ਸੂਚਨਾ ਮੁਹੱਈਆ ਕੀਤੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਈ.ਮੇਲ, ਮਿਤੀ 11-03-2019 ਨਾਲ ਭੇਜੇ ਗਏ ਪੱਤਰ ਨੰ:845, ਮਿਤੀ 11-03-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਇਸ ਪੱਤਰ ਤੇ ਅਪੀਲਕਰਤਾ ਵੱਲੋ ਮਿਤੀ 11-03-2019 ਨੂੰ ਹਸਤਾਖਰ ਕਰਕੇ ਸੂਚਨਾ ਪ੍ਰਾਪਤ ਕਰਦੇ ਹੋਏ ਸੰਤੁਸ਼ਟੀ ਜ਼ਾਹਿਰ ਕੀਤੀ ਹੋਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**


ਸ਼੍ਰੀ ਗੁਰਮੀਤ ਸਿੰਘ,
ਪੁੱਤਰ ਲੇਟ ਸ਼੍ਰੀ ਦਰਸ਼ਨ ਸਿੰਘ,
ਪਿੰਡ ਬਾਦਲ, ਤਹਿਸੀਲ ਮਲੋਟ,
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਰੂਰਲ ਇੰਸਟੀਚਿਊਟ ਫਾਰ ਵੋਕੇਸ਼ਨਲ ਟ੍ਰੇਨਿੰਗ,
(ਆਰ.ਆਈ.ਵੀ.ਟੀ.) ਬਾਦਲ,
ਤਹਿਸੀਲ ਮਲੋਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 69/2019**

**ਹਾਜ਼ਰ:-** 1) ਸ਼੍ਰੀ ਗੁਰਮੀਤ ਸਿੰਘ, ਸ਼ਿਕਾਇਤਕਰਤਾ ।
2) ਉੱਤਰਦਾਤਾ, ਸ਼੍ਰੀ ਸਿਮਰਦੀਪ ਸਿੰਘ, ਮੈਥਸ ਇੰਸਟ੍ਰਕਟਰ (75087-25200)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-10-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਰੂਰਲ ਇੰਸਟੀਚਿਊਟ ਫਾਰ ਵੋਕੇਸ਼ਨਲ ਟ੍ਰੇਨਿੰਗ, ਬਾਦਲ, ਤਹਿਸੀਲ ਮਲੋਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰੂਰਲ ਇੰਸਟੀਚਿਊਟ ਫਾਰ ਵੋਕੇਸ਼ਨਲ ਟ੍ਰੇਨਿੰਗ, ਬਾਦਲ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨਾਲ ਸਬੰਧਤ 29 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸਿਮਰਦੀਪ ਸਿੰਘ, ਮੈਥਸ ਇੰਸਟ੍ਰਕਟਰ ਨੇ ਪੱਤਰ, ਮਿਤੀ 11-03-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਦੀ ਸੰਸਥਾ ਦਾ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਕੇਸ ਸੁਣਵਾਈ ਅਧੀਨ ਹੈ ਜਿਸ ਦੀ ਸੁਣਵਾਈ ਦੀ ਅਗਲੀ ਮਿਤੀ 17-05-2019 ਨਿਸਚਿਤ ਹੈ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਉਨ੍ਹਾਂ ਨੂੰ ਮਾਣਯੋਗ ਅਦਾਲਤ ਦਾ ਫੈਸਲਾ ਆਉਣ ਤੱਕ ਦਾ ਸਮਾਂ ਦਿੱਤਾ ਜਾਵੇ। ਹਾਜ਼ਰ ਉਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 12 ਮਾਰਚ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਮ ਨਿਵਾਸ, (85588-93351)
ਮਾਰਫ਼ਤ ਸ਼੍ਰੀ ਮੰਜੂ ਸਿੰਘ
ਵਾਸੀ ਮਕਾਨ ਨੰ:681,
ਸੈਕਟਰ-19, ਪੰਚਕੂਲਾ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੋਹਾਲੀ।

ਸ਼੍ਰੀ ਕੇ.ਡੀ. ਸਿੰਘ,
ਰਜਿਸਟਰਾਰ-ਕਮ-
ਲੋਕ ਸੂਚਨਾ ਅਧਿਕਾਰੀ,

ਦਫ਼ਤਰ ਰਜਿਸਟਰਾਰ,
ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੋਹਾਲੀ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:1036 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 25-02-2019 ਤੇ ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਹਾਜ਼ਰ ਉੱਤਰਦਾਤਾ, ਸ਼੍ਰੀ ਕੇ.ਡੀ. ਸਿੰਘ, ਰਜਿਸਟਰਾਰ-ਕਮ-ਲੋਕ ਸੂਚਨਾ ਅਧਿਕਾਰੀ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਅਤੇ ਕਾਰਨ-ਦੱਸੋ ਨੋਟਿਸ ਦਾ ਜਵਾਬ ਪੇਸ਼ ਕਰਨ ਲਈ ਕੁੱਝ ਸਮੇਂ ਦੀ ਮੰਗ ਕੀਤੀ ਗਈ ਸੀ । ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਵੀ ਹਦਾਇਤ ਕੀਤੀ ਗਈ ਸੀ ਕਿ ਵਾਰ-ਵਾਰ ਸਮਾਂ ਮੰਗਣ ਤੋਂ ਗੁਰੇਜ ਕੀਤਾ ਜਾਵੇ ਅਤੇ ਕਮਿਸ਼ਨ ਦਾ ਕੀਮਤੀ ਸਮਾਂ ਬੇਵਜ੍ਹਾ ਬਰਬਾਦ ਨਾ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਉੱਤਰਦਾਤਾ, ਸ਼੍ਰੀ ਕੇ.ਡੀ. ਸਿੰਘ, ਰਜਿਸਟਰਾਰ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਕਮਿਸ਼ਨ ਵੱਲੋਂ ਆਪਣੇ ਹੁਕਮ, ਮਿਤੀ 22-01-2019 ਰਾਹੀਂ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਦਾ ਜਵਾਬ ਪੇਸ਼ ਕਰਨ ਲਈ ਆਖਰੀ ਮੌਕਾ ਦਿੱਤਾ ਜਾਂਦਾ ਹੈ। ਇਸ ਤੋਂ ਇਲਾਵਾ ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ, ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣੀ ਲਿਖਤੀ ਰੂਪ ਵਿੱਚ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਸ਼ਿਕਾਇਤਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 10-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ**, 12 **ਮਾਰਚ**, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਦਰਸ਼ਨ ਕੁਮਾਰ ਜੱਗਾ, (94179-29931)
ਪੁੱਤਰ ਸ਼੍ਰੀਅਮਰ ਚੰਦ ਜੱਗਾ,
531/3, ਸ਼ਹੀਦ ਊਧਮ ਸਿੰਘ ਨਗਰ,
ਮਲੋਟ ਮੰਡੀ-152107,
ਜ਼ਿਲਾ ਸ੍ਰੀ ਮੁਕਤਸਰ ਸਾਹਿਬ। ........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਪੰਚਾਇਤ ਅਫਸਰ,
ਮਲੋਟ, ਸ੍ਰੀ ਮੁਕਤਸਰ ਸਾਹਿਬ।

ਪਹਿਲੀਅਪੀਲੀ ਅਥਾਰਟੀ,
ਦਫ਼ਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਮਲੋਟ, ਸ੍ਰੀ ਮੁਕਤਸਰ ਸਾਹਿਬ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1215 ਆਫ਼ 2018**

**ਹਾਜ਼ਰ:-**
1) ਸ਼੍ਰੀ ਸੁਦਰਸ਼ਨ ਕੁਮਾਰ ਜੱਗਾ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਗਨਦੀਪ ਸਿੰਘ, ਗਰਾਮ ਸੇਵਕ (85588-03226) ਅਤੇ ਸ਼੍ਰੀ ਕੁਲਦੀਪ ਸਿੰਘ (85588-03120)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 05-02-2019 ਤੇ ਦੋਵੇਂ ਧਿਰਾਂ ਦੋਵੇਂ ਨੂੰ ਸੁਣਿਆ ਗਿਆ ਸੀ ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅਜੈ ਕੁਮਾਰ, ਟੈਕਨੀਕਲ ਸਹਾਇਕ ਨੇ ਪੱਤਰ ਨੰ:1986, ਮਿਤੀ 05-02-2019 ਰਾਹੀਂ ਆਪਣਾ ਜਵਾਬ ਪੇਸ਼ ਕਰਦੇ ਹੋਏ ਕਿਹਾ ਗਿਆ ਸੀ ਕਿ ਸ਼ਿਕਾਇਤਕਰਤਾ ਨੇ ਮਗਨਰੇਗਾ ਸਕੀਮ ਤਹਿਤ ਕਰਵਾਏ ਗਏ ਕੰਮਾਂ ਦੇ ਸਾਲ 2016-17 ਅਤੇ 2017-18 ਦੇ ਮਸਟਰੋਲਾਂ ਦੀਆਂ ਕਾਪੀਆਂ ਮੰਗੀਆਂ ਹਨ। ਮਗਨਰੇਗਾ ਦਾ ਸਾਰਾ ਡਾਟਾ ਵੈੱਬ ਸਾਈਟ www.nrega.nic.in ਤੇ ਉਪਲਬਧ ਹੈ ਜਿਸ ਤੋਂ ਸਾਰਾ ਡਾਟਾ ਪ੍ਰਾਪਤ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਇਹ ਵੀ ਕਿਹਾ ਸੀ ਕਿ ਇਸ ਸਬੰਧੀ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਜ਼ੁਬਾਨੀ ਦੱਸਿਆ ਗਿਆ ਸੀ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਸੀ ਕਿ ਪਹਿਲਾਂ ਦਫ਼ਤਰ ਦਾ ਸਾਰਾ ਸਟਾਫ਼ ਪੰਚਾਇਤੀ ਚੋਣਾਂ ਵਿੱਚ ਰੁੱਝਿਆ ਹੋਣ ਕਾਰਨ ਸ਼ਿਕਾਇਤਕਰਤਾ ਨੂੰ ਮਸਟਰੋਲਾਂ ਦੀਆਂ ਕਾਪੀਆਂ ਮੁਹੱਈਆ ਨਹੀਂ ਕਰਵਾਈਆਂ ਜਾ ਸਕੀਆਂ ਪਰ ਹੁਣ ਜਲਦੀ ਮਸਟਰੋਲਾਂ ਦੀਆਂ ਕਾਪੀਆਂ ਦੇ ਦਿੱਤੀਆਂ ਜਾਣਗੀਆਂ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਜਲਦੀ ਮਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਉੱਤਰਦਾਤਾ ਕੋਲੋਂ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਗਗਨਦੀਪ ਸਿੰਘ,

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**





ਗਰਾਮ ਸੇਵਕ, ਨੇ ਕਿਹਾ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ ਪਰੰਤੂ ਉਹ ਇਸ ਸਬੰਧੀ ਰਜਿਸਟਰੀ ਦੀ ਰਸੀਦ ਨਹੀਂ ਪੇਸ਼ ਕਰ ਸਕਿਆ। ਸ਼ਿਕਾਇਤਕਰਤਾ ਨੇ ਫਿਰ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸਾਲ 2016-17 ਅਤੇ 2017-18 ਦੇ ਕੰਮਾਂ ਦੇ ਮਸਟਰੋਲਾਂ ਦੀਆਂ ਕਾਪੀਆਂ ਸਬੰਧੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਉਸ ਨੇ ਇਹ ਵੀ ਦੱਸਿਆ ਹੈ ਕਿ ਉਹ ਲੋੜੀਂਦੀ ਸੂਚਨਾ ਲੈਣ ਵਾਸਤੇ ਸ਼੍ਰੀ ਰਛਪਾਲ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ ਨੂੰ ਮਿਲਿਆ ਸੀ। ਪਰੰਤੂ ਸਬੰਧਤ ਅਧਿਕਾਰੀ ਨੇ ਉਸ ਨੂੰ ਸੂਚਨਾ ਨਹੀਂ ਦਿੱਤੀ ਅਤੇ ਕਿਹਾ ਕਿ ਉਹ ਉਸ ਨੂੰ ਸੂਚਨਾ ਅਦਾਲਤ ਵਿੱਚ ਹੀ ਮੁਹੱਈਆ ਕਰਵਾਏਗਾ।

3. ਕਮਿਸ਼ਨ ਵੱਲੋ ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮਿਤੀ 28-07-2018 ਨੂੰ ਆਰ.ਟੀ.ਆਈ. ਅਰਜ਼ੀ ਦਾਇਰ ਕੀਤੀ ਗਈ ਸੀ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਉਸ ਨੂੰ 07 ਮਹੀਨੇ ਬਾਅਦ ਸੂਚਨਾ ਦਿੱਤੀ ਜਾ ਰਹੀ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਮੁਤਾਬਿਕ ਸ਼ਿਕਾਇਤਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਦੇ ਫਲਸਰੂਪ ਸ਼ਿਕਾਇਤਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਹਦਾਇਤ ਕੀਤੀ ਜਾਂਦੀ ਹੈ ਕਿ ਸਰਕਾਰੀ ਖਜ਼ਾਨੇ ਵਿੱਚੋਂ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਸ਼ਿਕਾਇਤਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕੀਤੀ ਜਾਵੇ।

4. **ਸ਼੍ਰੀ ਰਛਪਾਲ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ ਦਫ਼ਤਰ ਬਲਾਕ ਵਿਕਾਸ ਪੰਚਾਇਤ ਅਫਸਰ, ਮਲੋਟ, ਸ਼੍ਰੀ ਮੁਕਤਸਰ ਸਾਹਿਬ ਨੂੰ ਹਦਾਇਤ ਕੀਤੀ ਜਾਂਦੀ ਹੈ** ਕਿ ਸ਼ਿਕਾਇਤਕਰਤਾ ਨੂੰ ਸਾਲ 2016-17 ਅਤੇ 2017-18 ਦੇ ਕੰਮਾਂ ਦੇ ਮਸਟਰੋਲਾਂ ਦੀਆਂ ਕਾਪੀਆਂ ਸਬੰਧੀ ਸੂਚਨਾ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜ਼ ਕੇ ਸੂਚਨਾ ਭੇਜਣ ਬਾਰੇ ਕਵਰਿੰਗ ਪੱਤਰ ਦੀ ਕਾਪੀ ਸਮੇਤ ਪੋਸਟਲ ਰਸੀਦ ਅਤੇ ਸ਼ਿਕਾਇਤਕਰਤਾ ਨੂੰ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਦਾਇਗੀ ਸਬੰਧੀ ਰਸੀਦ, ਪੇਸ਼ੀ ਦੀ ਅਗਲੀ ਮਿਤੀ ਤੇ ਖੁਦ ਹਾਜ਼ਰ ਹੋ ਕੇ ਪੇਸ਼ ਕੀਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 10-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 12 ਮਾਰਚ, 2019.